**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 05-02-2025**

ਦਿੱਲੀ ਵਿਧਾਨ ਸਭਾ ਲਈ ਸਖਤ ਸੁਰੱਖਿਆ ਹੇਠ ਅੱਜ ਸਵੇਰੇ 7 ਵਜੇ ਤੋਂ ਵੋਟਾਂ ਪੈ ਰਹੀਆਂ ਨੇ । ਇਸ ਦੌਰਾਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਚੀਫ਼ ਜਸਟਿਸ ਸੰਜੀਵ ਖੰਨਾ, ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ, ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਤੇ ਗਿਆਨੇਸ਼ ਕੁਮਾਰ, ਕੇਂਦਰੀ ਮੰਤਰੀ ਡਾ. ਐਸ ਜੈਸ਼ੰਕਰ ਤੇ ਹਰਦੀਪ ਸਿੰਘ ਪੁਰੀ ਸਮੇਤ ਕਈ ਸ਼ਖਸੀਅਤਾਂ ਵੋਟ ਪਾਈ ਏ । ਵੋਟਾਂ ਸ਼ਾਮ 6 ਵਜੇ ਤੱਕ ਪੈਣਗੀਆਂ ਜਦਕਿ ਵੋਟਾਂ ਦੀ ਗਿਣਤੀ 8 ਫ਼ਰਵਰੀ ਨੂੰ ਹੋਵੇਗੀ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪ੍ਰਯਾਗਰਾਜ ਦੇ ਮਹਾਕੁੰਭ ਵਿਚ ਤ੍ਰਿਵੇਣੀ ਸੰਗਮ ਵਿੱਚ ਇਸ਼ਨਾਨ ਕੀਤਾ ਏ। ਇਸ ਮੌਕੇ

ਉਹਨਾਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨਾਲ ਕਿਸ਼ਤੀ ਦੀ ਸਵਾਰੀ ਕੀਤੀ। ਆਪਣੀ ਫੇਰੀ ਦੌਰਾਨ ਪ੍ਰਧਾਨ ਮੰਤਰੀ ਨੇ ਗੰਗਾ, ਯਮੁਨਾ ਤੇ ਸਰਸਵਤੀ ਨਦੀਆਂ ਦੇ ਸੰਗਮ, ਤ੍ਰਿਵੇਣੀ ਸੰਗਮ ਵਿਖੇ ਪੂਜਾ ਕੀਤੀ। ਉਹਨਾਂ ਦੀ ਮਹਾਕੁੰਭ ਵਿੱਚ ਸੰਤਾਂ ਅਤੇ ਸਾਧੂਆਂ ਨੂੰ ਵੀ ਮਿਲਣ ਦੀ ਸੰਭਾਵਨਾ ਏ।

---------------------------------------------------------

ਅਮਰੀਕਾ ਤੋਂ ਡਿਪੋਰਟ ਕੀਤੇ 100 ਤੋਂ ਵੱਧ ਗੈਰ-ਕਾਨੂੰਨੀ ਭਾਰਤੀਆਂ ਨੂੰ ਲੈ ਕੇ ਆ ਰਹੇ ਅਮਰੀਕੀ ਜਹਾਜ਼ ਦੇ ਅੱਜ ਦੁਪਹਰੇ ਅੰਮ੍ਰਿਤਸਰ ਦੇ ਸ਼੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਦੀ ਸੰਭਾਵਨਾ ਏ। ਅਧਿਕਾਰਤ ਸੂਤਰਾਂ ਨੇ ਸਾਡੇ ਜਲੰਧਰ ਪੱਤਰਕਾਰ ਨੂੰ ਪੁਸ਼ਟੀ ਕੀਤੀ ਏ ਕਿ ਹਵਾਈ ਅੱਡੇ 'ਤੇ ਸਾਰੇ ਪ੍ਰਸ਼ਾਸਕੀ ਪ੍ਰਬੰਧ ਕੀਤੇ ਗਏ ਨੇ।

---------------------------------------------------------

ਪੰਜਾਬ ਸਰਕਾਰ ਨੇ ਖੇਤੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ ਆਪਣੀਆਂ ਜਾਨਾਂ ਗੁਆਉਣ ਵਾਲੇ 597 ਕਿਸਾਨਾਂ ਦੇ ਪਰਿਵਾਰਕ

ਮੈਂਬਰਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਨੇ । ਇਸ ਬਾਰੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਉਪਰਾਲਾ ਕਿਸਾਨ ਭਾਈਚਾਰੇ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਰਾਜ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਏ । ਉਨਾਂ ਇੱਥੇ ਮ੍ਰਿਤਕ ਕਿਸਾਨਾਂ ਦੇ ਪਰਿਵਾਰਾਂ ਦੇ ਤਿੰਨ ਮੈਂਬਰਾਂ ਨੂੰ ਖੇਤੀਬਾੜੀ ਵਿਭਾਗ ਵਿਚ ਨੌਕਰੀ ਦੇ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਲਈ ਨੌਕਰੀਆਂ ਦੇ ਮੌਕੇ ਪੈਦਾ ਕਰਨ ਤੇ ਕਿਸਾਨਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਠੋਸ ਯਤਨ ਕਰ ਰਹੀ ਏ ।

-------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਕਪੂਰਥਲਾ ਦੇ ਪਿੰਡ ਸਰੂਪਵਾਲ ਦੇ ਰਹਿਣ ਵਾਲੇ ਸਤਨਾਮ ਸਿੰਘ ਤੇ ਸਰਬਜੀਤ ਸਿੰਘ ਨੰਬਰਦਾਰ ਨੂੰ ਸਟੇਟ ਬੈਂਕ ਆਫ਼ ਇੰਡੀਆ ਸ਼ਾਖਾ ਸੁਲਤਾਨਪੁਰ ਲੋਧੀ ਵਿਚ ਹੋਏ ਕਰੋੜਾਂ ਰੁਪਏ ਦੇ ਘੁਟਾਲੇ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਏ

। ਮੁਲਜ਼ਮਾਂ ਨੇ ਬੈਂਕ ਅਧਿਕਾਰੀਆਂ, ਨਿੱਜੀ ਵਿਅਕਤੀਆਂ ਤੇ ਸਰਕਾਰੀ ਮਿਲੀਭੁਗਤ ਨਾਲ ਕਰੋੜਾਂ ਰੁਪਏ ਦਾ ਗਬਨ ਕੀਤਾ ਸੀ। ਇਸ ਸਬੰਧੀ 33 ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਸੀ, ਜਿਨਾਂ ਵਿਚੋਂ ਹੁਣ ਤੱਕ 28 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਏ ਜਦਕਿ ਤਿੰਨ ਨੂੰ ਅਦਾਲਤ ਨੇ ਭਗੌੜਾ ਐਲਾਨ ਦਿੱਤਾ ਏ।

--------------------------------------------------

ਪੰਜਾਬ ਪੁਲਿਸ ਨੇ ਪਾਸਪੋਰਟ ਤਸਦੀਕ ਲਈ ਇਕ ਬਿਹਤਰ ਪ੍ਰਣਾਲੀ ਪੇਸ਼ ਕੀਤੀ ਏ, ਜਿਸ ਨਾਲ ਨਾਗਰਿਕ ਪ੍ਰੀ-verification ਤੇ ਪੋਸਟ- verification SMS ਪ੍ਰਾਪਤ ਕਰ ਸਕਣਗੇ। ਇਸ ਬਾਰੇ ਵਿਸ਼ੇਸ਼ DGP ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਪੰਜਾਬ ਪੁਲਿਸ ਨਾਗਰਿਕਾਂ ਨੂੰ ਮੁਸ਼ਕਲ ਰਹਿਤ ਤੇ ਕੁਸ਼ਲ ਸੇਵਾਵਾਂ ਪ੍ਰਦਾਨ ਕਰਨ ਲਈ ਦਿਨ-ਰਾਤ ਕੰਮ ਕਰ ਰਹੀ ਏ। ਉਨ੍ਹਾਂ ਕਿਹਾ ਕਿ ਇਸ ਸੇਵਾ ਦਾ ਉਦੇਸ਼ ਅਨਿਸ਼ਚਿਤਤਾ ਨੂੰ ਘਟਾਉਣਾ ਤੇ ਇਹ ਯਕੀਨੀ ਬਣਾਉਣਾ ਏ ਕਿ ਬਿਨੈਕਾਰ

ਤਸਦੀਕ ਪ੍ਰਕਿਰਿਆ ਬਾਰੇ ਚੰਗੀ ਤਰ੍ਹਾਂ ਜਾਣੂ ਹੋਣ। ਉਨ੍ਹਾਂ ਕਿਹਾ ਕਿ ਇਹ ਫੀਡਬੈਕ ਵਿਧੀ ਪੰਜਾਬ ਪੁਲਿਸ ਨੂੰ ਸੇਵਾ ਦੇ ਮਿਆਰਾਂ ਨੂੰ ਹੋਰ ਬਿਹਤਰ ਬਣਾਉਣ ਤੇ ਨਾਗਰਿਕਾਂ ਦੀਆਂ ਕਿਸੇ ਵੀ ਚਿੰਤਾਵਾਂ ਨੂੰ ਤੁਰੰਤ ਹੱਲ ਕਰਨ ਵਿਚ ਸਹਾਇਤਾ ਕਰੇਗੀ।

---------------------------------------------------------------

ਹਾਦਸਿਆਂ ਦੀ ਰੋਕਥਾਮ ਲਈ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਨੈਸ਼ਨਲ ਹਾਈਵੇ ਅਥਾਰਟੀ, ਨਗਰ ਨਿਗਮ ਤੇ ਹੋਰਾਂ ਨੂੰ ਲੁਧਿਆਣਾ ਦੀਆਂ ਸੜਕਾਂ 'ਤੇ ਸਾਰੇ 77 ਬਲੈਕ ਸਪਾਟਾਂ ਨੂੰ ਤੁਰੰਤ ਠੀਕ ਕਰਨ ਦੇ ਨਿਰਦੇਸ਼ ਜਾਰੀ ਕੀਤੇ ਨੇ । ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਾਰੇ ਸਕੂਲਾਂ ਨੂੰ 'ਸੇਫ਼ ਸਕੂਲ ਵਾਹਨ' ਨੀਤੀ ਦੀ ਪਾਲਣਾ ਦੀ ਪੁਸ਼ਟੀ ਕਰਨ ਵਾਲਾ ਸਵੈ-ਘੋਸ਼ਣਾ ਪੱਤਰ ਜਮ੍ਹਾ ਕਰਵਾਉਣ ਲਈ ਵੀ ਕਿਹਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਸਭ ਤੋਂ ਵੱਡੀ ਤਰਜੀਹ ਏ ਤੇ

ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਆਨਾਕਾਨੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

------------------------------------------------------------

ਬਠਿੰਡਾ ਦੇ ਸਰਕਾਰੀ ਰਜਿੰਦਰਾ ਕਾਲਜ ਵਿਖੇ ਸਮਾਜਿਕ ਨਿਆਂ ਤੇ ਅਧਿਕਾਰਤਾਂ ਵਿਭਾਗ ਵਲੋਂ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਸਬੰਧੀ ਸੈਮੀਨਾਰ ਕਰਵਾਇਆ ਗਿਆ । ਇਸ ਦੌਰਾਨ ਬਲਾਕ ਬਠਿੰਡਾ ਦੀਆਂ ਪੰਚਾਇਤਾਂ ਵਲੋਂ ਵਿਸ਼ੇਸ਼ ਤੌਰ ’ਤੇ ਸ਼ਮੂਲੀਅਤ ਕੀਤੀ ਗਈ । ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾਂ ਅਫ਼ਸਰ ਬਰਿੰਦਰ ਸਿੰਘ ਨੇ ਕਿਹਾ ਕਿ ਸੈਮੀਨਾਰ ਦਾ ਮੁੱਖ ਮੰਤਵ ਏ ਹੈ ਕਿ ਕੋਈ ਵੀ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਤੋਂ ਵਾਂਝਾ ਨਾ ਰਹਿ ਸਕੇ । ਇਸ ਮੌਕੇ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਨੁਮਾਇੰਦੇ ਮੈਡਮ ਅੰਕ੍ਰਿਤੀ ਨੇ ਵੱਖ-ਵੱਖ ਤਰ੍ਹਾਂ ਦੀਆਂ ਪੈਨਸ਼ਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ ।

-----------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਗੁਰਦਾਸਪੁਰ ਦੇ ਦੀਨਾਨਗਰ ਵਿਖੇ PSPCL ਦਫ਼ਤਰ ਵਿਚ ਹੈੱਡ ਕੈਸ਼ੀਅਰ ਵਜੋਂ ਤਾਇਨਾਤ ਅੰਮ੍ਰਿਤ ਭੂਸ਼ਣ ਨੂੰ 2 ਲੱਖ 60 ਹਜ਼ਾਰ ਰੁਪਏ ਦੀ ਰਿਸ਼ਵਤ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਏ । ਇਸ ਬਾਰੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਪਾਇਆ ਗਿਆ ਕਿ ਦੋਸ਼ੀ ਨੇ 11 ਕੇਵੀ ਬਿਜਲੀ ਦੀਆਂ ਲਾਈਨਾਂ ਬਦਲਣ ਦਾ ਕੰਮ ਕਰਵਾਉਣ ਲਈ ਰਿਸ਼ਵਤ ਲਈ ਸੀ । ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ, ਅੰਮ੍ਰਿਤਸਰ ਰੇਂਜ ਵਿਖੇ ਮਾਮਲਾ ਦਰਜ ਕੀਤਾ ਗਿਆ ਏ ।

-----------------------------------------------

ਕੈਂਸਰ ਦਿਵਸ ਸਬੰਧੀ ਫਰੀਦਕੋਟ ਦੇ ਸਿਵਲ ਹਸਪਤਾਲ ਵਿਚ ਜਾਗਰੂਕਤਾ ਸਮਾਗਮ ਕਰਾਇਆ ਗਿਆ । ਇਸ ਮੌਕੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਕਿਹਾ ਕਿ ਕੈਂਸਰ ਤੋਂ

ਬਚਾਅ ਲਈ ਕਿਸੇ ਵੀ ਕਿਸਮ ਦੇ ਨਸ਼ੇ, ਤੰਬਾਕੂ, ਸ਼ਰਾਬ ਦੇ ਸੇਵਨ ਤੋਂ ਪ੍ਰਹੇਜ਼ ਕਰਕੇ ਪੋਸ਼ਟਿਕ ਖੁਰਾਕ ਦਾ ਸੇਵਨ ਕਰਨਾ ਚਾਹੀਦਾ ਏ । ਉਹਨਾਂ ਕਿਹਾ ਕਿ ਨਵਜੰਮੇ ਬੱਚਿਆਂ ਦਾ ਸੰਪੂਰਣ ਟੀਕਾਕਰਣ ਕਰਵਾਉਣਾ ਬਹੁਤ ਜਰੂਰੀ ਏ  ਜੋ ਕਿ ਕੈਂਸਰ ਸਮੇਤ ਹੋਰ ਕਈ ਬਿਮਾਰੀਆਂ ਦੀ ਰੋਕਥਾਮ ਲਈ ਸਹਾਈ ਹੁੰਦਾ ਏ ।